# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :14-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਧਾਨ ਮੰਤਰੀ ਈ-ਬੱਸ ਸੇਵਾ ਯੋਜਨਾ ਤਹਿਤ ਚੰਡੀਗੜ੍ਹ ਲਈ 25 ਇਲੈਕਟ੍ਰਿਕ ਬੱਸਾਂ ਨੂੰ ਗੋਹਾਟੀ ਤੋਂ ਵਰਚੁਅਲ ਮਾਧਿਅਮ ਰਾਹੀਂ ਰਵਾਨਾ ਕੀਤਾ।

• ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ ਵਲੋਂ ਦਿਵਿਆਂਗ ਕਲਾ ਮੇਲੇ ਦਾ ਚੰਡੀਗੜ੍ਹ 'ਚ ਉਦਘਾਟਨ।

• ਪੰਜਾਬ ਸਰਕਾਰ ਵੱਲੋਂ ਸਤਲੁਜ ਅਤੇ ਸਵਾਂ ਦਰਿਆ ਦੇ ਇਲਾਕਿਆਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਨੂੰ ਪ੍ਰਵਾਨਗੀ।

• ਸਾਬਕਾ ਸੈਨਿਕਾਂ ਤੇ ਵੀਰ ਨਾਰੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਅਬੋਹਰ ਫੌਜੀ ਛਾਉਣੀ ਵਿਖੇ ਕੱਲ ਨੂੰ ਸਾਬਕਾ ਜਵਾਨਾ ਦੀ ਰੈਲੀ ਦਾ ਹੋਵੇਗਾ ਆਯੋਜਨ ।

• ਫ਼ਿਰੋਜਪੁਰ ਪੁਲਿਸ ਨੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ 22 ਕਿਲੋ ਤੋਂ ਵੱਧ ਹੈਰੋਇਨ ਤੇ ਹਥਿਆਰਾਂ ਸਮੇਤ ਕੀਤਾ ਗਿਰਫ਼ਤਾਰ ।

• ਭਾਰਤ ਦੇ ਪ੍ਰਮੋਦ ਭਗਤ ਨੇ ਅੱਜ ਬਹਿਰੀਨ ਵਿੱਚ, BWF ਬੈਡਮਿੰਟਨ ਪੈਰਾ ਵਿਸ਼ਵ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਿਆ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਧਾਨ ਮੰਤਰੀ ਈ-ਬੱਸ ਸੇਵਾ ਯੋਜਨਾ ਤਹਿਤ ਚੰਡੀਗੜ੍ਹ ਲਈ 25 ਇਲੈਕਟ੍ਰਿਕ ਬੱਸਾਂ ਨੂੰ ਗੋਹਾਟੀ ਤੋਂ ਵਰਚੁਅਲ ਮਾਧਿਅਮ ਰਾਹੀਂ ਰਵਾਨਾ ਕੀਤਾ। ਇਸ ਮੌਕੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ

ਸਤੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ। ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਨੇ ਪੀ.ਐਮ ਈ-ਬੱਸ ਸੇਵਾ ਯੋਜਨਾ ਤਹਿਤ ਚੰਡੀਗੜ੍ਹ ਸ਼ਹਿਰ ਲਈ 428 ਬੱਸਾਂ ਨੂੰ ਮਨਜ਼ੂਰੀ ਦੇ ਦਿੱਤੀ ਏ । ਪਹਿਲੇ ਗੇੜ ਵਿੱਚ, ਮੰਤਰਾਲੇ ਦੀ ਸਹਾਇਕ ਕੰਪਨੀ, ਕਨਵਰਜੈਂਸ ਐਨਰਜੀ ਸਰਵਿਸਿਜ਼ ਲਿਮਟਿਡ ਵਲੋਂ 100 ਬੱਸਾਂ ਲਈ ਈ-ਟੈਂਡਰ ਮੰਗੇ ਗਏ ਸਨ। ਇਸ ਅਨੁਸਾਰ, ਚੰਡੀਗੜ੍ਹ ਪ੍ਰਸ਼ਾਸਨ ਨੇ ਸਭ ਤੋਂ ਘੱਟ ਅਦਾਇਗੀ ਕਰਨ ਵਾਲੇ ਆਪਰੇਟਰ ਨਾਲ  61.80 ਪ੍ਰਤੀ ਕਿਲੋਮੀਟਰ ਦੀ ਦਰ ਨਾਲ ਇੱਕ ਇਕਰਾਰਨਾਮਾ ਕੀਤਾ ਏ ।  ਇਸ ਸਮੇਂ ਸ਼ਹਿਰ ਵਿੱਚ 80 ਇਲੈਕਟ੍ਰਿਕ ਬੱਸਾਂ ਚੱਲ ਰਹੀਆਂ ਨੇ । ਨਵੀਆਂ ਸ਼ਾਮਲ ਕੀਤੀਆਂ ਗਈਆਂ ਏਅਰ-ਕੰਡੀਸ਼ਨਡ ਇਲੈਕਟ੍ਰਿਕ ਬੱਸਾਂ ਇੱਕ ਵਾਰ ਚਾਰਜ ਕਰਨ 'ਤੇ 224 ਕਿਲੋਮੀਟਰ ਤੱਕ ਯਾਤਰਾ ਕਰਨ ਦੇ ਸਮਰੱਥ ਨੇ ।  ਸੁਰੱਖਿਆ ਅਤੇ ਨਿਗਰਾਨੀ ਲਈ, ਬੱਸਾਂ ਦੋਵਾਂ ਦਰਵਾਜ਼ਿਆਂ 'ਤੇ ਲੋਕਾਂ ਦੀ ਗਿਣਤੀ ਕਰਨ ਵਾਲੇ ਕੈਮਰੇ, ਪੰਜ ਸੀਸੀਟੀਵੀ ਕੈਮਰੇ ,GPS ਡਿਵਾਈਸਾਂ,ਰਾਜ ਟ੍ਰਾਂਸਪੋਰਟ ਅਥਾਰਟੀ ਦੇ ਕਮਾਂਡ ਕੰਟਰੋਲ ਸੈਂਟਰ ਨਾਲ ਜੁੜੇ ਪੈਨਿਕ

ਬਟਨ, ਅਤੇ ਯਾਤਰੀ ਸਹੂਲਤ ਲਈ ਇੱਕ ਸਟਾਪ ਬੇਨਤੀ ਬਟਨ ਨਾਲ ਲੈਸ ਨੇ।

---------------------------------------------------------

ਉੱਤਰੀ ਰੇਲਵੇ ਦਾ ਜੰਮੂ ਡਿਵੀਜ਼ਨ ਹੋਲੀ ਦੇ ਤਿਉਹਾਰ ਦੌਰਾਨ ਫਰਵਰੀ ਅਤੇ ਮਾਰਚ 2026 ਵਿੱਚ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਸਟੇਸ਼ਨ ਤੋਂ ਨਵੀਂ ਦਿੱਲੀ ਅਤੇ ਵਾਰਾਣਸੀ ਲਈ ਵਿਸ਼ੇਸ਼ ਰੇਲਗੱਡੀਆਂ ਚਲਾਏਗਾ। ਇਹ ਰੇਲਗੱਡੀਆਂ ਰੂਟ ਦੇ ਮੁੱਖ ਸਟੇਸ਼ਨਾਂ 'ਤੇ ਰੁਕਣਗੀਆਂ, ਜਿਸ ਨਾਲ ਜੰਮੂ ਕਸ਼ਮੀਰ, ਪੰਜਾਬ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਮੁਸਾਫ਼ਰਾਂ ਨੂੰ ਫਾਇਦਾ ਹੋਵੇਗਾ। ਇਸਦਾ ਉਦੇਸ਼ ਤਿਉਹਾਰਾਂ ਦੀ ਭੀੜ ਦਾ ਪ੍ਰਬੰਧਨ ਕਰਨਾ, ਟਿਕਟਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਅਤੇ ਸੁਰੱਖਿਅਤ ਅਤੇ ਆਰਾਮਦਾਇਕ ਯਾਤਰਾ ਕਰਨਾ ਏ। ਇਸ ਤੋਂ ਇਲਾਵਾ, ਇੰਡੀਅਨ ਰੇਲਵੇ ਕੇਟਰਿੰਗ ਐਂਡ ਟੂਰਿਜ਼ਮ ਕਾਰਪੋਰੇਸ਼ਨ (IRCTC) ਨੇ ਤੀਰਥ ਯਾਤਰਾ ਨੂੰ ਉਤਸ਼ਾਹਿਤ ਕਰਨ ਲਈ ਗੁਜਰਾਤ ਦੇ ਪ੍ਰਤਾਪ ਨਗਰ ਤੋਂ ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਲਈ ਇੱਕ ਸੈਲਾਨੀ ਰੇਲਗੱਡੀ ਸ਼ੁਰੂ ਕੀਤੀ ਏ।

---------------------------------------------------------------

ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ ਨੇ ਅੱਜ ਚੰਡੀਗੜ੍ਹ ਵਿਖੇ ਦਿਵਿਆਂਗ ਕਲਾ ਮੇਲੇ ਦੇ 29ਵੇਂ ਐਡੀਸ਼ਨ ਦਾ ਉਦਘਾਟਨ ਕੀਤਾ । ਉਨ੍ਹਾਂ ਇਸ ਮੇਲੇ ਨੂੰ ਇੱਕ ਪਰਿਵਰਤਨਸ਼ੀਲ ਪਹਿਲਕਦਮੀ ਦੱਸਿਆ ਜੋ ਦੇਸ਼ ਭਰ ਦੇ ਦਿਵਿਆਂਗਜਨਾਂ ਲਈ ਉਮੀਦ ਦੀ ਕਿਰਨ ਬਣ ਗਈ ਏ। ਚੰਡੀਗੜ੍ਹ ਮੇਲੇ ਵਿੱਚ ਦਿਵਿਆਂਗ ਉੱਦਮੀਆਂ, ਸਰਕਾਰੀ ਸੰਸਥਾਵਾਂ ਅਤੇ ਗੈਰ-ਸਰਕਾਰੀ ਸੰਗਠਨਾਂ ਦੁਆਰਾ ਲਗਭਗ 75 ਸਟਾਲ ਲਗਾਏ ਗਏ ਨੇ। ਦਿਵਿਆਂਗ ਵਿਅਕਤੀਆਂ ਲਈ ਇੱਕ ਸਮਰਪਿਤ ਰੋਜ਼ਗਾਰ ਮੇਲਾ 19 ਫਰਵਰੀ ਨੂੰ ਆਯੋਜਿਤ ਕੀਤਾ ਜਾਵੇਗਾ। ਦਰਸ਼ਕ ਅਲਿਮਕੋ  ਸਟਾਲ 'ਤੇ ਸਹਾਇਕ ਉਪਕਰਣਾਂ ਲਈ ਰਜਿਸਟਰ ਕਰ ਸਕਦੇ ਨੇ । ਇੱਕ ਵਿਸ਼ੇਸ਼ ਸੱਭਿਆਚਾਰਕ ਪ੍ਰੋਗਰਾਮ, "ਦਿਵਿਆਂਗ ਕਲਾ ਸ਼ਕਤੀ", 21 ਫਰਵਰੀ ਨੂੰ ਪੇਸ਼ ਕੀਤਾ ਜਾਵੇਗਾ। ਮੰਤਰੀ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ 2014 ਤੋਂ ਬਾਅਦ ਆਈ ਮਹੱਤਵਪੂਰਨ ਤਬਦੀਲੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਤਿਕਾਰਯੋਗ ਸ਼ਬਦ "ਦਿਵਿਆਂਗ" ਨੂੰ

ਅਪਣਾਉਣਾ ਮਾਣ ਅਤੇ ਸਸ਼ਕਤੀਕਰਨ ਪ੍ਰਤੀ ਦ੍ਰਿਸ਼ਟੀਕੋਣ ਵਿੱਚ ਇੱਕ ਵਿਆਪਕ ਤਬਦੀਲੀ ਦਾ ਪ੍ਰਤੀਕ ਏ । ਉਨ੍ਹਾਂ ਨੇ ਦਿਵਿਆਂਗ ਵਿਅਕਤੀਆਂ ਦੇ ਅਧਿਕਾਰ ਕਾਨੂੰਨ, 2016 ਅਤੇ 'ਸੁਗਮਿਆ ਭਾਰਤ ਅਭਿਆਨ' ਵਰਗੀਆਂ ਮੁੱਖ ਪਹਿਲਕਦਮੀਆਂ ਦਾ ਜ਼ਿਕਰ ਕੀਤਾ, ਜਿਨ੍ਹਾਂ ਨੇ ਪਹੁੰਚਯੋਗਤਾ, ਭਾਗੀਦਾਰੀ ਅਤੇ ਆਰਥਿਕ ਸਮਾਵੇਸ਼ ਨੂੰ ਮਜ਼ਬੂਤ ਕੀਤਾ ਏ ।ਰਾਜ ਸਭਾ ਮੈਂਬਰ  ਸਤਨਾਮ ਸਿੰਘ ਸੰਧੂ, , ਚੰਡੀਗੜ੍ਹ ਦੇ ਮੇਅਰ ਸੌਰਭ ਜੋਸ਼ੀ  ਅਤੇ ਵਿਭਾਗ ਦੇ  ਸੰਯੁਕਤ ਸਕੱਤਰ ਰਾਜੀਵ ਸ਼ਰਮਾ ਵੀ ਇਸ ਮੌਕੇ ਮੌਜੂਦ ਰਹੇ ।

---------------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਲ 2019 ਦੇ ਪੁਲਵਾਮਾ ਦਹਿਸ਼ਤਗਰਦੀ ਹਮਲੇ ਵਿੱਚ ਸ਼ਹੀਦ ਹੋਏ ਬਹਾਦਰ ਜਵਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ।

ਸੋਸ਼ਲ ਮੀਡੀਆ 'ਤੇ ਆਪਣੇ ਸੰਦੇਸ਼ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸੁਰੱਖਿਆ ਕਰਮਚਾਰੀਆਂ ਦੇ ਸਰਵਉੱਚ ਬਲੀਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ ਅਤੇ ਹਰ ਨਾਗਰਿਕ ਨੂੰ ਇੱਕ ਮਜ਼ਬੂਤ ਅਤੇ

ਸੁਰੱਖਿਅਤ ਭਾਰਤ ਬਣਾਉਣ ਲਈ ਪ੍ਰੇਰਿਤ ਕਰਦਾ ਰਹੇਗਾ। ਇੱਕ ਸੰਦੇਸ਼ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸ਼ਹੀਦ ਜਵਾਨਾਂ ਦੀ ਰਾਸ਼ਟਰ ਪ੍ਰਤੀ ਵਫ਼ਾਦਾਰੀ, ਦ੍ਰਿੜਤਾ ਅਤੇ ਸੇਵਾ ਦੇਸ਼ ਵਾਸੀਆਂ ਦੀ ਸਮੂਹਿਕ ਚੇਤਨਾ ਵਿੱਚ ਹਮੇਸ਼ਾ ਜ਼ਿੰਉਂਦੀ ਰਹੇਗੀ। ਉਨ੍ਹਾਂ ਕਿਹਾ ਕਿ ਹਰ ਭਾਰਤੀ ਉਨ੍ਹਾਂ ਦੇ ਬੇਮਿਸਾਲ ਸਾਹਸ ਤੋਂ ਪ੍ਰੇਰਨਾ ਅਤੇ ਤਾਕਤ ਪ੍ਰਾਪਤ ਕਰਦਾ ਏ। ਕੇਂਦਰੀ ਗ੍ਰਿਹ ਮੰਤਰੀ ਅਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨੇ ਪੁਲਵਾਮਾ ਹਮਲੇ ਵਿੱਚ ਸ਼ਹੀਦ ਹੋਏ ਜਵਾਨਾਂ ਦੀ ਬਹਾਦਰੀ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ।

---------------------------------------------------------------

ਓਧਰ ਦੀਨਾਨਗਰ ਵਿਚ ਪੁਲਵਾਮਾ ਦਹਿਸ਼ਤਗਰਦੀ ਹਮਲੇ ਦੇ ਸ਼ਹੀਦ ਸੀ.ਆਰ.ਪੀ.ਐਫ ਦੀ 75 ਬਟਾਲੀਅਨ ਦੇ ਕਾਂਸਟੇਬਲ ਤੇ ਮਨਿੰਦਰ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਮੁੱਖ ਨਿਆਂਇਕ ਮੈਜਿਸਟ੍ਰੇਟ ਹਰਪ੍ਰੀਤ ਸਿੰਘ ਨੇ, 25 ਮਕੈਨੀਕਲ ਯੂਨਿਟ ਦੇ ਕਮਾਂਡਿੰਗ ਅਫ਼ਸਰ ਕਰਨਲ ਵਿਸ਼ਵਨਾਥ ਸੀ.ਜੀ ਅਤੇ ਤੀਜੀ ਜੈਕ ਐਲ.ਆਈ.

ਯੂਨਿਟ ਦੇ ਲੈਫਟੀਨੈਂਟ ਬੀ.ਐਸ. ਨੇਗੀ ਨੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸ਼ਹੀਦ ਦੇ ਪਿਤਾ ਸਤਪਾਲ ਨੇ ਦੱਸਿਆ ।

BYTE:RNU140226

---------------------------------------------------

ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਨੇ ਅੱਜ ਸਾਬਕਾ ਵਿਦੇਸ਼ ਮੰਤਰੀ ਸੁਸ਼ਮਾ ਸਵਰਾਜ ਨੂੰ ਉਨ੍ਹਾਂ ਦੀ ਜੈਅੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਪ ਰਾਸ਼ਟਰਪਤੀ ਨੇ ਕਿਹਾ ਕਿ ਸੁਸ਼ਮਾ ਸਵਰਾਜ ਇੱਕ ਅਸਾਧਾਰਨ ਨੇਤਾ ਅਤੇ ਇੱਕ ਦਿਆਲੂ ਜਨਤਕ ਸੇਵਕ ਸਨ। ਸ੍ਰੀ ਰਾਧਾਕ੍ਰਿਸ਼ਨਨ ਨੇ ਕਿਹਾ ਕਿ ਰਾਸ਼ਟਰ ਪ੍ਰਤੀ ਉਨ੍ਹਾਂ ਦਾ ਸਮਰਪਣ, ਸ਼ਾਨਦਾਰ ਸੰਸਦੀ ਵਿਰਾਸਤ ਅਤੇ ਮਾਨਵਤਾਵਾਦੀ ਕੂਟਨੀਤੀ ਲੱਖਾਂ ਲੋਕਾਂ ਨੂੰ ਪ੍ਰੇਰਿਤ ਕਰਦੀ ਰਹੇਗੀ। ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਵੀ ਸੋਸ਼ਲ ਮੀਡੀਆ 'ਤੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸੁਸ਼ਮਾ ਸਵਰਾਜ ਨੇ ਜਨਤਕ ਭਲਾਈ ਨੂੰ ਆਪਣੇ ਜੀਵਨ ਦਾ ਟੀਚਾ ਬਣਾਇਆ ਅਤੇ ਰਾਸ਼ਟਰੀ ਹਿੱਤ ਦੇ ਮੁੱਦਿਆਂ 'ਤੇ ਦਲੇਰਾਨਾ ਰਾਏ ਪ੍ਰਗਟ ਕਰਨ ਲਈ ਪ੍ਰਸਿੱਧੀ ਪ੍ਰਾਪਤ ਕੀਤੀ।

---------------------------------------------------------

ਫ਼ਿਰੋਜਪੁਰ ਪੁਲਿਸ ਨੇ ਨਸ਼ਿਆਂ ਤੇ ਹਥਿਆਰਾਂ ਦੇ ਤਸਕਰੀ ਮੋਡਿਊਲ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ ਗਿਰਫ਼ਤਾਰ ਕੀਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਪੁਲਿਸ ਨੇ ਇਨਾ ਕੋਲੋਂ 22 ਕਿਲੋ 295 ਗ੍ਰਾਮ ਹੈਰੋਇਨ, ਮੈਗਜ਼ੀਨ ਤੇ ਕਾਰਤੂਸਾਂ ਦੇ ਨਾਲ 2 ਪਿਸਤੌਲ, ਇੱਕ ਕਾਰ ਅਤੇ 2 ਲੱਖ ਰੁਪਏ ਤੋਂ ਵੱਧ ਦੀ ਦੀ ਡਰੱਗ ਮਨੀ ਬਰਾਮਦ ਕੀਤੀ ਏ। ਇਸ ਬਾਰੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਜਾਰੀ ਏ।

---------------------------------------------------------

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਅਤੇ ਲੋਕ ਸੰਪਰਕ ਮੰਤਰੀ ਹਰਜੋਤ ਸਿੰਘ ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਸਤਲੁਜ ਅਤੇ ਸਵਾਂ ਦਰਿਆਵਾਂ ਦੇ ਕੰਢੇ ਸਥਿਤ ਪਿੰਡਾਂ ਲਈ 52 ਕਰੋੜ ਰੁਪਏ ਦੀ ਇੱਕ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਏ। ਵੇਰਵੇ ਸਾਂਝੇ ਕਰਦੇ ਹੋਏ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ 52 ਕਰੋੜ ਦੀ ਇੱਕ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਦਾ ਐਲਾਨ ਕੀਤਾ ਏ ਤਾਂ ਜੋ

ਕਈ ਕਮਜ਼ੋਰ ਪਿੰਡਾਂ ਨੂੰ ਸਥਾਈ ਤੌਰ 'ਤੇ ਸੁਰੱਖਿਅਤ ਕੀਤਾ ਜਾ ਸਕੇ ਜਿਨ੍ਹਾਂ ਨੇ ਮਾਨਸੂਨ ਸੀਜ਼ਨ ਦੌਰਾਨ ਹੜ੍ਹਾਂ ਦੀ ਮਾਰ ਝੱਲੀ ਏ।

ਸਰਕਾਰ ਨੇ ਖੇਤਰ ਵਿੱਚ ਵੱਡੇ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਨੂੰ ਤੇਜ਼ ਕੀਤਾ ਏ। 52 ਕਰੋੜ ਦੇ ਕੰਮ ਪਹਿਲਾਂ ਹੀ ਟੈਂਡਰ ਕੀਤੇ ਜਾ ਚੁੱਕੇ ਨੇ ਜਿਸ ਲਈ ਕੰਮ ਇੱਕ ਪੰਦਰਵਾੜੇ ਦੇ ਅੰਦਰ-ਅੰਦਰ ਤੇਜ਼ ਹੋ ਜਾਵੇਗਾ।

---------------------------------------------------

ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਅੱਜ ਅੰਮ੍ਰਿਤਸਰ ਵਿਖੇ ਸ਼ਹਿਰ ਦੇ ਵਿਕਾਸ ਅਤੇ ਰੇਲਵੇ ਪ੍ਰੋਜੈਕਟਾਂ ਸਬੰਧੀ ਇੱਕ ਪ੍ਰੈਸ ਕਾਨਫਰੰਸ ਕੀਤੀ। ਸ੍ਰੀ ਮਲਿਕ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਆਤਮ-ਨਿਰਭਰ ਅਤੇ ਵਿਕਸਿਤ ਅੰਮ੍ਰਿਤਸਰ" ਦੇ ਸੁਪਨੇ ਨੂੰ ਸਾਕਾਰ ਕਰਨ ਲਈ ਕੇਂਦਰ ਸਰਕਾਰ ਨੇ ਅੰਮ੍ਰਿਤਸਰ-ਫਿਰੋਜ਼ਪੁਰ ਰੇਲਵੇ ਲਿੰਕ ਪ੍ਰੋਜੈਕਟ ਲਈ 764 ਕਰੋੜ ਰੁਪਏ ਜਾਰੀ ਕਰ ਦਿੱਤੇ ਗਏ ਨੇ। ਸ਼ਵੇਤ ਮਲਿਕ ਨੇ ਜਾਣਕਾਰੀ ਦਿੱਤੀ ਕਿ ਇਸ ਪ੍ਰੋਜੈਕਟ ਲਈ ਜ਼ਮੀਨ ਐਕਵਾਇਰ ਕਰਨ

ਵਾਸਤੇ ਫਿਰੋਜ਼ਪੁਰ ਅਤੇ ਤਰਨ ਤਾਰਨ ਦੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਫੰਡ ਟਰਾਂਸਫਰ ਕਰ ਦਿੱਤੇ ਗਏ ਨੇ, ਤਾਂ ਜੋ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦੇ ਕੇ ਜਲਦ ਤੋਂ ਜਲਦ ਕੰਮ ਸ਼ੁਰੂ ਕੀਤਾ ਜਾ ਸਕੇ।

BYTE:RNU140226

ਇਸ ਮੌਕੇ ਉਨ੍ਹਾਂ ਦੇ ਨਾਲ BJP ਦੇ ਕਈ ਸੀਨੀਅਰ ਆਗੂ, ਵਪਾਰ ਮੰਡਲ ਦੇ ਨੁਮਾਇੰਦੇ ਅਤੇ ਵੱਖ-ਵੱਖ ਜਥੇਬੰਦੀਆਂ ਦੇ ਪ੍ਰਧਾਨ ਮੌਜੂਦ ਰਹੇ।

---------------------------------------------------------------

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਰਾਜਿੰਦਰਾ ਹਸਪਤਾਲ ਵਿਖੇ 81 ਕਰੋੜ 80 ਲੱਖ ਰੁਪਏ ਦੀ ਲਾਗਤ ਨਾਲ 256 ਬਿਸਤਰਿਆਂ ਦੀ ਸਮਰੱਥਾ ਵਾਲਾ ਆਧੁਨਿਕ ਟ੍ਰੌਮਾ ਸੈਂਟਰ ਬਣਾਇਆ ਜਾਵੇਗਾ। ਇਹ ਟ੍ਰੌਮਾ ਸੈਂਟਰ ਗੰਭੀਰ ਹਾਦਸਿਆਂ ਅਤੇ ਐਮਰਜੈਂਸੀ ਮਾਮਲਿਆਂ ਵਿੱਚ ਮਰੀਜ਼ਾਂ ਲਈ ਜੀਵਨ-ਰੱਖਿਆ ਸਾਬਤ ਹੋਵੇਗਾ। ਸਿਹਤ ਮੰਤਰੀ ਨੇ ਦੱਸਿਆ ਕਿ ਇਹ ਨਵੀਂ ਇਮਾਰਤ ਪੂਰੀ ਤਰ੍ਹਾਂ ਕੇਂਦਰੀ ਏਅਰ ਕੰਡੀਸ਼ਨ ਪ੍ਰਣਾਲੀ ਨਾਲ ਲੈਸ ਹੋਏਗੀ ਅਤੇ ਟ੍ਰੌਮਾ ਸੈਂਟਰ ਵਿੱਚ ਆਧੁਨਿਕ ਮੈਡੀਕਲ ਉਪਕਰਣ ਸਥਾਪਿਤ ਕੀਤੇ ਜਾਣਗੇ।

ਸਿਹਤ ਮੰਤਰੀ ਨੇ ਕਿਹਾ ਕਿ ਇਸ ਪ੍ਰਾਜੈਕਟ ਨਾਲ ਨਾ ਸਿਰਫ ਪਟਿਆਲਾ, ਸਗੋਂ ਨੇੜਲੇ ਜ਼ਿਲ੍ਹਿਆਂ ਦੇ ਲੋਕਾਂ ਨੂੰ ਵੀ ਤੁਰੰਤ ਅਤੇ ਮਿਆਰੀ ਇਲਾਜ ਦੀ ਸਹੂਲਤ ਮਿਲੇਗੀ। ਇਸ ਤੋਂ ਇਲਾਵਾ ਮਰੀਜ਼ਾਂ ਦੀ ਸੁਵਿਧਾ ਲਈ 56 ਲੱਖ ਰੁਪਏ ਦੀ ਲਾਗਤ ਨਾਲ ਇੱਕ ਨਵਾਂ ਸੈਂਟਰਲ ਫੈਸਿਲਟੀ ਸੈਂਟਰ ਵੀ ਤਿਆਰ ਕੀਤਾ ਜਾ ਰਿਹਾ ਏ । ਇਸ ਕੇਂਦਰ ਵਿੱਚ ਬਿਲਿੰਗ ਸੈਕਸ਼ਨ, ਐਡਮਿਸ਼ਨ ਸੈਕਸ਼ਨ ਅਤੇ ਮਿਨੀ ਲੈਬੋਰਟਰੀ ਦੀ ਸਹੂਲਤ ਹੋਵੇਗੀ। ਐਮਰਜੈਂਸੀ ਵਿੱਚ ਦਾਖਲ ਮਰੀਜ਼ਾਂ ਲਈ ਜ਼ਰੂਰੀ ਲੈਬ ਟੈਸਟ ਤੁਰੰਤ ਉਪਲਬਧ ਹੋਣਗੇ, ਜਿਸ ਨਾਲ ਇਲਾਜ ਵਿੱਚ ਦੇਰੀ ਨਹੀਂ ਆਵੇਗੀ। ਉਹਨਾਂ ਜੂਨੀਅਰ ਰਿਹਾਇਸ਼ੀ ਡਾਕਟਰਾਂ ਲਈ ਹੋਸਟਲ ਦੇ ਨਿਰਮਾਣ ਵਾਸਤੇ 13 ਕਰੋੜ 53 ਲੱਖ ਰੁਪਏ ਜਾਰੀ ਕੀਤੇ ਜਿਸ ਨਾਲ ਡਾਕਟਰਾਂ ਅਤੇ ਮੈਡੀਕਲ ਸਟਾਫ ਨੂੰ ਬਿਹਤਰ ਰਿਹਾਇਸ਼ੀ ਸਹੂਲਤਾਂ ਮਿਲਣਗੀਆਂ, ਅਤੇ ਸਿਹਤ ਸੇਵਾਵਾਂ ਦੀ ਡਿਲਿਵਰੀ ਹੋਰ ਪ੍ਰਭਾਵਸ਼ਾਲੀ ਬਣੇਗੀ। ਸਿਹਤ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਲੈਣ ਲਈ ਆਪਣਾ ਆਧਾਰ ਕਾਰਡ ਅਤੇ ਵੋਟਰ ਕਾਰਡ ਜ਼ਰੂਰ ਨਾਲ ਲੈ ਕੇ ਆਉਣ।

---------------------------------------------------

ਕੈਬਿਨੇਟ ਮੰਤਰੀ ਡਾ. ਬਲਜੀਤ ਕੌਰ ਨੇ ਅੱਜ ਮਲੋਟ ਹਲਕੇ ਵਿੱਚ ਕਈ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ । ਇਨਾ ਵਿਚ ਪਿੰਡ ਫਕਰਸਰ ਵਿੱਚ ਨਵੀਂ ਲਾਇਬ੍ਰੇਰੀ, ਮਲੋਟ ਸ਼ਹਿਰ ਵਿੱਚ ਅਹਿਮ ਸੜਕਾਂ ਅਤੇ ਪਿੰਡ ਤਰਖਾਣਵਾਲਾ ਵਿੱਚ ਬੈਂਕ ਸ਼ਾਖਾ ਦਾ ਉਦਘਾਟਨ ਸ਼ਾਮਿਲ ਏ । ਮੰਤਰੀ ਨੇ ਕਿਹਾ ਕਿ ਇਹ ਉਪਰਾਲੇ ਖੇਤਰ ਦੀ ਸਿੱਖਿਆ, ਆਵਾਜਾਈ ਅਤੇ ਵਿੱਤੀ ਸਹੂਲਤਾਂ ਨੂੰ ਮਜ਼ਬੂਤ ਕਰਨ ਵਿੱਚ ਸਹਾਇਕ ਸਾਬਤ ਹੋਣਗੇ। ਉਨ੍ਹਾਂ ਦੱਸਿਆ ਕਿ ਲਗਭਗ 18 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋ ਰਹੀਆਂ ਸੜਕਾਂ ਨਾਲ ਟ੍ਰੈਫਿਕ ਪ੍ਰਬੰਧ ਸੁਚਾਰੂ ਹੋਵੇਗਾ ਅਤੇ ਵਪਾਰਕ ਗਤੀਵਿਧੀਆਂ ਨੂੰ ਉਤਸ਼ਾਹ ਮਿਲੇਗਾ। ਨਸ਼ਿਆਂ ਵਿਰੁੱਧ ਮੁਹਿੰਮ ਬਾਰੇ ਗੱਲ ਕਰਦਿਆਂ ਮੰਤਰੀ ਨੇ ਕਿਹਾ ਕਿ “ਯੁੱਧ ਨਸ਼ਿਆਂ ਵਿਰੁੱਧ” ਮੁਹਿੰਮ ਤਹਿਤ ਪਿੰਡ ਪੱਧਰ ’ਤੇ ਜਾਗਰੂਕਤਾ ਅਭਿਆਨ ਜਾਰੀ ਏ ।

---------------------------------------------------

ਮੰਡੀ ਗੋਬਿੰਦਗੜ੍ਹ ਸਥਿਤ ਦੇਸ਼ ਭਗਤ ਯੂਨੀਵਰਸਿਟੀ  ਵੱਲੋਂ ਅੱਜ 13ਵੇਂ ਸਲਾਨਾ ਡਿਗਰੀ ਵੰਡ ਸਮਾਰੋਹ  ਵਿੱਚ ਕਰੀਬ 1500 ਵਿਦਿਆਰਥੀਆਂ

ਨੂੰ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਯੂਨੀਵਰਸਿਟੀ ਦੀ ਸਲਾਨਾ ਰਿਪੋਰਟ ਪੇਸ਼ ਕੀਤੀ ਤੇ ਵੱਖੋ ਵੱਖ ਪ੍ਰਾਪਤੀਆਂ ਨੂੰ ਉਜਾਗਰ ਕੀਤਾ ਤੇ ਡਿਗਰੀਆਂ ਪ੍ਰਾਪਤ ਕਰਨ ਵਾਲਿਆਂ ਨੂੰ ਉਨਾਂ ਦੇ ਸੁਨਿਹਰੀ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------------------

ਗੁਰਦਾਸਪੁਰ ਸ਼ਹਿਰ ਵਿਚ ਮਹਾਸ਼ਿਵਰਾਤਰੀ ਦੇ ਸੰਬਧ 'ਚ ਇੱਕ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਸ ਸ਼ੋਭਾ ਯਾਤਰਾ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਸ਼ਮੂਲੀਅਤ ਕੀਤੀ ਅਤੇ ਭਗਵਾਨ ਸ਼ਿਵ ਦਾ ਗੁਣਗਾਨ ਕੀਤਾ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਸੀਨੀਅਰ ਆਗੂਆਂ ਨੇ ਪ੍ਰਬੰਧਕਾਂ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਆਪਸੀ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਦੇ ਨੇ। ਯਾਤਰਾ ਵਿੱਚ ਭਗਵਾਨ ਸ਼ਿਵ, ਮਾਤਾ ਪਾਰਵਤੀ ਅਤੇ ਹੋਰ ਦੇਵੀ-ਦੇਵਤਿਆਂ ਦੀਆਂ ਸੁੰਦਰ ਝਾਕੀਆਂ ਖਿੱਚ ਦਾ ਕੇਂਦਰ ਰਹੀਆਂ। ਸ਼ਹਿਰ ਵਾਸੀਆਂ ਵੱਲੋਂ ਸ਼ਰਧਾਲੂਆਂ

ਲਈ ਫਲ, ਦੁੱਧ ਅਤੇ ਹੋਰ ਪ੍ਰਸਾਦ ਦੇ ਅਤੁੱਟ ਲੰਗਰ ਲਗਾਏ ਗਏ। ਗੁਰਦਾਸਪੁਰ ਪੁਲਿਸ ਵੱਲੋਂ ਸੁਰੱਖਿਆ ਅਤੇ ਟ੍ਰੈਫਿਕ ਦੇ ਪੁਖ਼ਤਾ ਇੰਤਜ਼ਾਮ ਕੀਤੇ ਗਏ ਸਨ ਤਾਂ ਜੋ ਆਮ ਜਨਤਾ ਨੂੰ ਕੋਈ ਮੁਸ਼ਕਲ ਨਾ ਆਵੇ।

---------------------------------------------

ਵੀਰ ਮਾਤਾਵਾਂ, ਵੀਰ ਨਾਰੀਆਂ ਅਤੇ ਸਾਬਕਾ ਸੈਨਿਕਾਂ ਦੀ ਭਲਾਈ ਨੂੰ ਉਤਸ਼ਾਹਿਤ ਕਰਨ ਅਤੇ ਉਨ੍ਹਾਂ ਨਾਲ ਗੱਲਬਾਤ ਕਰਨ ਦੇ ਉਦੇਸ਼ ਨਾਲ, 15 ਫਰਵਰੀ ਨੂੰ ਅਬੋਹਰ ਫੌਜੀ ਛਾਉਣੀ ਵਿਖੇ ਇੱਕ ਸਾਬਕਾ ਜਵਾਨਾ ਦੀ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਏ । ਇਸਦਾ ਉਦੇਸ਼ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਸ਼ਿਕਾਇਤਾਂ ਨੂੰ ਦੂਰ ਕਰਨਾ ਏ । ਇਸ ਰੈਲੀ ਦਾ ਲਾਭ ਫਾਜ਼ਿਲਕਾ, ਸ੍ਰੀ ਮੁਕਤਸਰ ਸਾਹਿਬ, ਫਰੀਦਕੋਟ, ਅਤੇ ਰਾਜਸਥਾਨ ਦੇ ਸ੍ਰੀ ਗੰਗਾਨਗਰ ਅਤੇ ਹਨੂੰਮਾਨਗੜ੍ਹ ਜ਼ਿਲ੍ਹਿਆਂ ਦੀਆਂ 13 ਤਹਿਸੀਲਾਂ ਦੇ ਸਾਬਕਾ ਸੈਨਿਕਾਂ ਨੂੰ ਮਿਲੇਗਾ। ਸਾਰਿਆਂ ਨੂੰ ਸਾਬਕਾ ਸੈਨਿਕ ਯੋਗਦਾਨ ਸਿਹਤ ਯੋਜਨਾ ਦੀਆਂ ਡਾਕਟਰੀ ਸਹੂਲਤਾਂ, ਪੈਨਸ਼ਨ ਨਾਲ ਸਬੰਧਤ ਮਾਮਲਿਆਂ, ਮੁੜ ਵਸੇਬੇ, ਰੁਜ਼ਗਾਰ ਦੇ ਮੌਕੇ ਅਤੇ ਕੇਂਦਰ ਅਤੇ ਰਾਜ ਸਰਕਾਰ ਦੀਆਂ ਭਲਾਈ

ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਰੈਲੀ ਵਿੱਚ ਫੌਜੀ ਅਤੇ ਹੋਰਨਾਂ ਨਾਗਰਿਕ ਵਿਭਾਗਾਂ ਵਲੋਂ ਸਟਾਲ ਲਗਾਏ ਜਾਣਗੇ, ਜੋ ਡਾਕਟਰੀ ਸਲਾਹ, ਦਸਤਾਵੇਜ਼ ਤਸਦੀਕ, ਸ਼ਿਕਾਇਤ ਨਿਵਾਰਣ ਅਤੇ ਅਧਿਕਾਰਾਂ ਲਈ ਮਾਰਗਦਰਸ਼ਨ ਪ੍ਰਦਾਨ ਕਰਨਗੇ। ਇਹ ਪਹਿਲ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਨੂੰ ਵੱਧ ਤੋਂ ਵੱਧ ਸਹਾਇਤਾ ਅਤੇ ਆਸਾਨ ਪਹੁੰਚ ਪ੍ਰਦਾਨ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਏ ।

-----------------------------------------------------

ਨਵੀਂ ਦਿੱਲੀ ਸਥਿਤ ਭਾਰਤੀ ਮੈਡੀਕਲ ਖੋਜ ਕੌਂਸਲ ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚ ਯੂਨੀਵਰਸਿਟੀ ਇੰਸਟੀਚਿਊਟ ਆਫ਼ ਫਾਰਮਾਸਿਊਟੀਕਲ ਸਾਇੰਸਿਜ਼ ਵਿਭਾਗ ਦੇ ਪ੍ਰੋਫੈਸਰ ਰੰਜੂ ਬਾਂਸਲ ਨੂੰ ਔਰਤਾਂ 'ਚ ਛਾਤੀ ਕੈਂਸਰ ਦੇ ਇਲਾਜ ਲਈ ਪ੍ਰਭਾਵਸ਼ਾਲੀ ਨਵੀਂ ਦਵਾ ਤਿਆਰ ਕਰਨ ਵਾਸਤੇ 65 ਲੱਖ ਰੁਪਏ ਦਾ ਖੋਜ ਪ੍ਰੋਜੈਕਟ ਦਿੱਤਾ ਏ ।

ਤਿੰਨ ਸਾਲਾਂ ਦੇ ਇਸ ਖੋਜ ਪ੍ਰੋਜੈਕਟ ਦਾ ਮੁੱਖ ਉਦੇਸ਼ ਅਜਿਹੀ ਨਵੀਂ ਸਟੀਰਾਇਡ ਪ੍ਰਕਾਰ ਦੀ ਦਵਾ ਤਿਆਰ ਕਰਨਾ ਏ, ਜੋ ਛਾਤੀ ਕੈਂਸਰ ਦੇ ਇਲਾਜ ਦੇ ਦੌਰਾਨ ਪੈਦਾ ਹੋਣ ਵਾਲੀਆਂ ਮੁਸ਼ਕਿਲਾਂ ਨੂੰ ਦੂਰ ਕਰਨ ਵਿੱਚ

ਸਮਰਥ ਹੋਵੇ। ਇਸ ਖੋਜ ਕਾਰਜ ਵਿੱਚ ਪ੍ਰੋਫੈਸਰ ਰੰਜੂ ਬੰਸਲ ਦੇ ਨਾਲ ਡਾਕਟਰ ਸਿਮਰਨ ਪ੍ਰੀਤ ਅਤੇ ਡਾਕਟਰ ਏ. ਕੇ ਰੇਂਗਨ ਸਹਿਯੋਗ ਕਰਨਗੇ। ਪ੍ਰੋਫੈਸਰ ਰੰਜੂ ਬੰਸਲ ਨੂੰ ਕੈਂਸਰ-ਰੋਧੀ ਦਵਾਈਆਂ ਦੇ ਵਿਕਾਸ ਦਾ ਲਗਭਗ ਤੀਹ ਸਾਲਾਂ ਦਾ ਤਜਰਬਾ ਏ । ਉਨ੍ਹਾਂ ਦੇ ਪਿਛਲੇ ਖੋਜ ਕਾਰਜਾਂ ਅਧੀਨ ਕਈ ਪ੍ਰਭਾਵਸ਼ਾਲੀ ਸਟੀਰਾਇਡ ਅਤੇ ਗੈਰ-ਸਟੀਰਾਇਡ ਦਵਾਈਆਂ ਤਿਆਰ ਕੀਤੀਆਂ ਨੇ ਜਿਨ੍ਹਾਂ ਨੂੰ ਕੌਮਾਂਤਰੀ ਪੱਧਰ ਤੇ ਪੇਟੈਂਟ ਵੀ ਪ੍ਰਾਪਤ ਹੋਇਆ ਏ ।

---------------------------------------------------

ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ‘ਸਾਡੇ ਬਜ਼ੁਰਗ ਸਾਡਾ ਮਾਣ’ ਮੁਹਿੰਮ ਦੀ ਸ਼ੁਰੂਆਤ 16 ਫਰਵਰੀ ਨੂੰ ਰੈੱਡ ਕਰਾਸ ਭਵਨ ਵਿਖੇ ਜ਼ਿਲ੍ਹਾ ਪੱਧਰੀ ਸਿਹਤ ਤੇ ਜਾਗਰੂਕਤਾ ਕੈਂਪ ਨਾਲ ਕੀਤੀ ਜਾਵੇਗੀ । ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਕੈਂਪ ਵਿੱਚ ਬਜ਼ੁਰਗਾਂ ਦੀ ਸਿਹਤ ਜਾਂਚ ਤੋਂ ਇਲਾਵਾ ਅੱਖਾਂ ਦੀ ਸਕਰੀਨਿੰਗ ਕੀਤੀ ਜਾਵੇਗੀ। ਬਜ਼ੁਰਗਾਂ ਨਾਲ ਸਿਹਤ ਸੰਭਾਲ ਸਬੰਧੀ ਜਾਣਕਾਰੀ ਸਾਂਝੀ ਕਰਨ ਦੇ ਨਾਲ-ਨਾਲ ਕੈਂਪ ਦੌਰਾਨ ਬਜ਼ੁਰਗਾਂ ਦੀ ਮੁੱਖ ਮੰਤਰੀ

ਸਿਹਤ ਯੋਜਨਾ ਤਹਿਤ ਰਜਿਸਟ੍ਰੇਸ਼ਨ ਵੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਕਾਨੂੰਨੀ ਜਾਗਰੂਕਤਾ ਅਤੇ ਬੈਂਕਾਂ ਵੱਲੋਂ ਬਜ਼ੁਰਗਾਂ ਨੂੰ ਦਿੱਤੀਆਂ ਜਾਂਦੀਆਂ ਸਹੂਲਤਾਂ ਬਾਰੇ ਜਾਣੂ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ 16 ਮਾਰਚ ਤੱਕ ਜ਼ਿਲ੍ਹੇ ਵਿੱਚ ਵੱਖ-ਵੱਖ ਥਾਈਂ ਵਿਸ਼ੇਸ਼ ਕੈਂਪ ਲਗਾਏ ਜਾਣਗੇ, ਜਿਨ੍ਹਾਂ ਵਿੱਚ ਸਿਹਤ ਜਾਂਚ ਤੋਂ ਇਲਾਵਾ ਬਜ਼ੁਰਗਾਂ ਦੀ ਬਿਹਤਰੀ ਲਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਜਾਣਗੀਆਂ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਆਪਣੇ ਘਰਾਂ ਅਤੇ ਆਂਢ-ਗੁਆਂਢ ਵਿੱਚ ਰਹਿੰਦੇ ਬਜ਼ੁਰਗਾਂ ਨੂੰ ਇਸ ਮੁਹਿੰਮ ਤਹਿਤ ਲਗਾਏ ਜਾ ਰਹੇ ਸਿਹਤ ਅਤੇ ਜਾਗਰੂਕਤਾ ਕੈਂਪਾਂ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਲੈ ਕੇ ਆਉਣ ਦੀ ਅਪੀਲ ਕੀਤੀ ਤਾਂ ਜੋ ਉਹ ਇਨ੍ਹਾਂ ਸਹੂਲਤਾਂ ਦਾ ਪੂਰਾ ਲਾਭ ਲੈ ਸਕਣ ਅਤੇ ਸਿਹਤਮੰਦ ਤੇ ਸੁਰਖਿੱਅਤ ਜੀਵਨ ਬਤੀਤ ਕਰ ਸਕਣ।

---------------------------------------------------

ਬੈਡਮਿੰਟਨ ਵਿੱਚ, ਭਾਰਤ ਦੇ ਪ੍ਰਮੋਦ ਭਗਤ ਨੇ ਅੱਜ ਬਹਿਰੀਨ ਵਿੱਚ, BWF ਪੈਰਾ ਵਿਸ਼ਵ ਚੈਂਪੀਅਨਸ਼ਿਪ ਵਿੱਚ, ਮਰਦਾਂ ਦੀ SL3 ਸ਼੍ਰੇਣੀ ਵਿੱਚ ਸੋਨੇ ਦਾ ਤਮਗਾ ਜਿੱਤਿਆ ਏ।

ਪ੍ਰਮੋਦ ਨੇ ਇੰਡੋਨੇਸ਼ੀਆ ਦੇ ਮੁਹੰਮਦ ਅਲ ਇਮਰਾਨ ਨੂੰ 21-12, 21-18 ਨਾਲ ਹਰਾ ਕੇ, ਇਹ ਤਮਗਾ ਹਾਸਿਲ ਕੀਤਾ। 37 ਸਾਲਾ ਪ੍ਰਮੋਦ ਦਾ ਵਿਸ਼ਵ ਚੈਂਪੀਅਨਸ਼ਿਪ ਵਿੱਚ ਇਹ ਲਗਾਤਾਰ ਚੌਥਾ ਸੋਨੇ ਦਾ ਤਮਗਾ ਅਤੇ SL3 ਸ਼੍ਰੇਣੀ ਵਿੱਚ ਛੇਵਾਂ ਵਿਸ਼ਵ ਖਿਤਾਬ ਏ।

---------------------------------------------------------

• ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪ੍ਰਧਾਨ ਮੰਤਰੀ ਈ-ਬੱਸ ਸੇਵਾ ਯੋਜਨਾ ਤਹਿਤ ਚੰਡੀਗੜ੍ਹ ਲਈ 25 ਇਲੈਕਟ੍ਰਿਕ ਬੱਸਾਂ ਨੂੰ ਗੋਹਾਟੀ ਤੋਂ ਵਰਚੁਅਲ ਮਾਧਿਅਮ ਰਾਹੀਂ ਰਵਾਨਾ ਕੀਤਾ।

• ਕੇਂਦਰੀ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰੀ, ਡਾ. ਵੀਰੇਂਦਰ ਕੁਮਾਰ ਵਲੋਂ ਦਿਵਿਆਂਗ ਕਲਾ ਮੇਲੇ ਦਾ ਚੰਡੀਗੜ੍ਹ 'ਚ ਉਦਘਾਟਨ।

- ਪੰਜਾਬ ਸਰਕਾਰ ਵੱਲੋਂ ਸਤਲੁਜ ਅਤੇ ਸਵਾਂ ਦਰਿਆ ਦੇ ਇਲਾਕਿਆਂ ਲਈ 52 ਕਰੋੜ ਰੁਪਏ ਦੀ ਵਿਆਪਕ ਹੜ੍ਹ ਸੁਰੱਖਿਆ ਯੋਜਨਾ ਨੂੰ ਪ੍ਰਵਾਨਗੀ।
- ਸਾਬਕਾ ਸੈਨਿਕਾਂ ਤੇ ਵੀਰ ਨਾਰੀਆਂ ਦੀਆਂ ਸ਼ਿਕਾਇਤਾਂ ਦੇ ਹੱਲ ਲਈ ਅਬੋਹਰ ਫੌਜੀ ਛਾਉਣੀ ਵਿਖੇ ਕੱਲ ਨੂੰ ਸਾਬਕਾ ਜਵਾਨਾ ਦੀ ਰੈਲੀ ਦਾ ਹੋਵੇਗਾ ਆਯੋਜਨ ।
- ਫ਼ਿਰੋਜਪੁਰ ਪੁਲਿਸ ਨੇ ਨਸ਼ਾ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ 4 ਮੁਲਜ਼ਮਾਂ ਨੂੰ 22 ਕਿਲੋ ਤੋਂ ਵੱਧ ਹੈਰੋਇਨ ਤੇ ਹਥਿਆਰਾਂ ਸਮੇਤ ਕੀਤਾ ਗਿਰਫ਼ਤਾਰ ।
- ਭਾਰਤ ਦੇ ਪ੍ਰਮੋਦ ਭਗਤ ਨੇ ਅੱਜ ਬਹਿਰੀਨ ਵਿੱਚ, BWF ਬੈਡਮਿੰਟਨ ਪੈਰਾ ਵਿਸ਼ਵ ਚੈਂਪੀਅਨਸ਼ਿਪ ਵਿੱਚ ਸੋਨੇ ਦਾ ਤਮਗਾ ਜਿੱਤਿਆ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**